# GOD'S SIMPLE PLAN OF SALVATION

## Introduction

1 John 5:13 “ ਮੈਂ ਇਹ ਖਤ ਤੁਹਾਨੂੰ ਲਿਖ ਰਿਹਾ ਹਾਂ ਜਿਹੜੇ ਪਰਮੇਸ਼ੁਰ ਦੇ ਪੁੱਤਰ ਵਿੱਚ ਵਿਸ਼ਵਾਸ ਰਖਦੇ ਹੋ। ਇਹ ਮੈਂ ਇਸ ਲਈ ਲਿਖ ਰਿਹਾ ਹਾਂ ਤਾਂ ਤੁਹਾਨੂੰ ਪਤਾ ਲੱਗ ਸਕੇ ਕਿ ਅਮਰ ਜੀਵਨ ਤੁਹਾਡਾ ਹੈ।

## I We are all sinners

Romans 3:10 ਜਿਵੇਂ ਕਿ ਪੋਥੀਆਂ ਕਹਿੰਦੀਆਂ ਹਨ: “ਕੋਈ ਵੀ ਮਨੁੱਖ ਪਾਪ ਤੋਂ ਬਿਨਾ ਨਹੀਂ ਹੈ। ਇੱਕ ਵੀ ਨਹੀਂ।

Romans 3:23 ਕਿਉਂਕਿ ਹਰੇਕ ਨੇ ਪਾਪ ਕੀਤਾ ਹੈ ਅਤੇ ਸਭ ਪਰਮੇਸ਼ੁਰ ਦੀ ਮਹਿਮਾ ਲਈ ਕਾਫ਼ੀ ਚੰਗੇ ਨਹੀਂ ਹਨ।




## II There is a price for that sin

Romans 5:12 ਇੱਕ ਬੰਦੇ ਦੇ ਕਾਰਣ ਸੰਸਾਰ ਵਿੱਚ ਪਾਪ ਆਇਆ, ਅਤੇ ਇਸੇ ਪਾਪ ਤੋਂ ਮੌਤ ਆਈ। ਇਸੇ ਲਈ ਮੌਤ ਸਭਨਾਂ ਲੋਕਾਂ ਤੇ ਆਈ, ਕਿਉਂਕਿ ਸਭਨਾ ਨੇ ਪਾਪ ਕੀਤਾ।

Romans 6:23 ਤੁਹਾਡੇ ਪਾਪਾਂ ਦੀ ਤਨਖਾਹ ਮੌਤ ਹੈ। ਪਰ ਪਰਮੇਸ਼ੁਰ ਆਪਣੇ ਮਨੁੱਖਾਂ ਨੂੰ, ਮਸੀਹ ਯਿਸੂ, ਸਾਡੇ ਪ੍ਰਭੂ, ਵਿੱਚ ਮੁਫ਼ਤ ਦਾਤ ਦੀ ਤਰ੍ਹਾਂ, ਸਦੀਵੀ ਜੀਵਨ ਦਿੰਦਾ ਹੈ।

Revelation 21:8 ਪਰ ਉਹ ਲੋਕ ਜਿਹੜੇ ਕਾਇਰ ਹਨ, ਉਹ ਲੋਕ ਜਿਹੜੇ ਆਸਥਾ ਤੋਂ ਮੁਨਕਰ ਹਨ, ਉਹ ਲੋਕ ਜਿਹੜੇ ਭਿਆਨਕ ਗੱਲਾਂ ਕਰਦੇ ਹਨ, ਉਹ ਲੋਕ ਜਿਹੜੇ ਕਤਲ ਕਰਦੇ ਹਨ, ਉਹੋ ਕਿ ਜਿਹੜੇ ਜਿਨਸੀ ਪਾਪ ਕਰਦੇ ਹਨ, ਉਹ ਲੋਕ ਜਿਹੜੇ ਕਾਲਾ ਜਾਦੂ ਕਰਦੇ ਹਨ, ਉਹ ਲੋਕ ਜਿਹੜੇ ਮੂਰਤੀ ਉਪਾਸਨਾ ਕਰਦੇ ਹਨ, ਅਤੇ ਉਹ ਲੋਕ ਜਿਹੜੇ ਝੂਠ ਬੋਲਦੇ ਹਨ, ਉਨ੍ਹਾਂ ਸਾਰੇ ਲੋਕਾਂ ਦੀ ਥਾਂ ਬਦਲੀ ਹੋਈ ਗੰਧਕ ਦੀ ਝੀਲ ਵਿੱਚ ਹੋਵੇਗੀ। ਇਹੀ ਹੈ ਦੂਸਰੀ ਮੌਤ।"

## III Christ died for our sins

Romans 5:8 ਪਰ ਮਸੀਹ ਸਾਡੇ ਲਈ ਮਰਿਆ ਜਦੋਂ ਹਾਲੇ ਅਸੀਂ ਪਾਪੀ ਸਾਂ। ਇੰਝ ਪਰਮੇਸ਼ੁਰ ਨੇ ਸਾਡੇ ਪ੍ਰਤੀ ਆਪਣਾ ਭਰਪੂਰ ਪਿਆਰ ਦਰਸਾਇਆ ਹਾਯ।

Romans 14:9 ਮਸੀਹ ਮਰਿਆ ਅਤੇ ਮੁਰਦੇ ਤੋਂ ਉਠਾਇਆ ਗਿਆ। ਤਾਂ ਜੋ ਸ਼ਾਇਦ ਉਹ ਮੁਰਦਿਆਂ ਅਤੇ ਜਿਉਂਦਿਆਂ ਦੋਹਾਂ ਦਾ ਪ੍ਰਭੂ ਹੋ ਸਕੇ।

Romans 6:23b ਤੁਹਾਡੇ ਪਾਪਾਂ ਦੀ ਤਨਖਾਹ ਮੌਤ ਹੈ। ਪਰ ਪਰਮੇਸ਼ੁਰ ਆਪਣੇ ਮਨੁੱਖਾਂ ਨੂੰ, ਮਸੀਹ ਯਿਸੂ, ਸਾਡੇ ਪ੍ਰਭੂ, ਵਿੱਚ ਮੁਫ਼ਤ ਦਾਤ ਦੀ ਤਰ੍ਹਾਂ, ਸਦੀਵੀ ਜੀਵਨ ਦਿੰਦਾ ਹੈ।



**Christ died for sinners!**

## IV Salvation is a free gift, not by good works. You must take God’s word for it, and trust Jesus alone!

Acts 4:12  ਯਿਸੂ ਹੀ ਅਜਿਹਾ ਹੈ ਜੋ ਲੋਕਾਂ ਦੀ ਰੱਖਿਆ ਕਰ ਸਕਦਾ ਹੈ। ਉਸਦਾ ਨਾਂ ਹੀ ਪੂਰੇ ਸੰਸਾਰ ਵਿੱਚ ਇਕੱਲੀ ਸ਼ਕਤੀ ਹੈ ਜੋ ਲੋਕਾਂ ਨੂੰ ਬਚਾ ਸਕਦੀ ਹੈ। ਸਾਨੂੰ ਉਸਦੇ ਨਾਂ ਰਾਹੀਂ ਬਚਾਇਆ ਜਾਣਾ ਚਾਹੀਦਾ ਹੈ।"

Ephesians 2:8-9  ਮੇਰਾ ਕਹਿਣ ਦਾ ਭਾਵ ਹੈ ਕਿ ਤੁਸੀਂ ਨਿਹਚਾ ਰਾਹੀਂ ਪਰਮੇਸ਼ੁਰ ਦੀ ਕਿਰਪਾ ਦੁਆਰਾ ਬਚਾਏ ਗਏ ਹੋ। ਅਤੇ ਤੁਸੀਂ ਇਹ ਕਿਰਪਾ ਵਿਸ਼ਵਾਸ ਰਾਹੀਂ ਪ੍ਰਾਪਤ ਕੀਤੀ ਹੈ। ਤੁਸੀਂ ਆਪਣੇ ਆਪ ਨੂੰ ਨਹੀਂ ਬਚਾਇਆ ਇਹ ਤਾਂ ਪਰਮੇਸ਼ੁਰ ਵੱਲੋਂ ਦਿੱਤੀ ਦਾਤ ਸੀ।  ਨਹੀਂ। ਤੁਸੀਂ ਆਪਣੇ ਉਨ੍ਹਾਂ ਕੰਮਾਂ ਰਾਹੀਂ ਨਹੀਂ ਬਚੇ ਜਿਹੜੇ ਤੁਸੀਂ ਕੀਤੇ ਹਨ। ਇਸ ਤਰੀਕੇ ਨਾਲ, ਕੋਈ ਵੀ ਵਿਅਕਤੀ ਘਮੰਡ ਨਹੀਂ ਕਰ ਸਕਦਾ ਕਿ ਉਸਨੇ ਖੁਦ ਨੂੰ ਬਚਾਇਆ।

Titus 3:5  ਉਸਨੇ ਆਪਣੀ ਮਿਹਰ ਕਾਰਣ ਸਾਡਾ ਛੁਟਕਾਰਾ ਕੀਤਾ, ਉਨ੍ਹਾਂ ਚੰਗੀਆਂ ਗੱਲਾਂ ਕਰਨ ਕਰਕੇ ਨਹੀਂ ਜਿਹੜੀਆਂ ਅਸੀਂ ਪਰਮੇਸ਼ੁਰ ਨਾਲ ਧਰਮੀ ਹੋਣ ਲਈ ਕਰਦੇ ਸਾਂ। ਉਸਨੇ ਅਜਿਹਾ ਸਾਨੂੰ ਇੱਕ ਇਸ਼ਨਾਨ ਕਰਵਾ ਕੇ ਕੀਤਾ ਜਿਸਨੇ ਸਾਨੂੰ ਪਵਿੱਤਰ ਆਤਮਾ ਰਾਹੀਂ ਨਵਾਂ ਇਨਸਾਨ ਬਣਾਇਆ।




## V   We must put our faith and trust in Christ in order to be saved

**Romans 10:9-10,13** ਜੇਕਰ ਤੂੰ ਆਪਣੇ ਮੂੰਹ ਨਾਲ ਐਲਾਨ ਕਰਦਾ ਹੈਂ, "ਯਿਸੂ ਪ੍ਰਭੂ ਹੈ" ਅਤੇ ਜੇਕਰ ਤੂੰ ਆਪਣੇ ਦਿਲ ਵਿੱਚ ਯਕੀਨ ਕਰਦਾ ਹੈਂ ਕਿ ਪਰਮੇਸ਼ੁਰ ਨੇ ਯਿਸੂ ਨੂੰ ਮੁਰਦਿਆਂ ਤੋਂ ਉਠਾਇਆ ਹੈ ਤਾਂ ਤੂੰ ਬਚਾਇਆ ਜਾਵੇਂਗਾ।

ਹਾਂ, ਅਸੀਂ ਆਪਣੇ ਦਿਲਾਂ ਨਾਲ ਨਿਹਚਾ ਕਰਦੇ ਹਾਂ, ਇਸ ਲਈ ਅਸੀਂ ਧਰਮੀ ਬਣਾਏ ਜਾਂਦੇ ਹਾਂ। ਅਸੀਂ ਆਪਣੇ ਖੁਦ ਦੇ ਮੂੰਹਾਂ ਨਾਲ ਐਲਾਨ ਕਰਦੇ ਹਾਂ ਕਿ ਅਸੀਂ ਉਸ ਵਿੱਚ ਨਿਹਚਾ ਕਰਦੇ ਹਾਂ, ਇਸ ਲਈ ਅਸੀਂ ਬਚਾਏ ਗਏ ਹਾਂ।

ਪੋਥੀਆਂ ਆਖਦੀਆਂ ਹਨ, "ਹਰ ਉਹ ਮਨੁੱਖ ਜੋ ਪ੍ਰਭੂ ਵਿੱਚ ਵਿਸ਼ਵਾਸ ਰਖਦਾ ਹੈ ਬਚਾਇਆ ਜਾਵੇਗਾ।"

ਜੇ ਤੁਸੀਂ ਯਿਸੂ ਮਸੀਹ ਨੂੰ ਆਪਣੇ ਮੁਕਤੀਦਾਤਾ ਵਜੋਂ ਸਵੀਕਾਰ ਕਰਨਾ ਚਾਹੁੰਦੇ ਹੋ ਤਾਂ ਏਥੇ ਇੱਕ ਨਮੂਨੇ ਦੀ ਪ੍ਰਾਰਥਨਾ ਦਿੱਤੀ ਜਾ ਰਹੀ ਹੈ। ਯਾਦ ਰੱਖੋ, ਇਸ ਪ੍ਰਾਰਥਨਾ ਨੂੰ ਜਾਂ ਕਿਸੇ ਹੋਰ ਪ੍ਰਾਰਥਨਾ ਨੂੰ ਕਹਿਣਾ ਹੀ ਤੁਹਾਨੂੰ ਨਹੀਂ ਬਚਾਵੇਗਾ। ਇਹ ਕੇਵਲ ਯਿਸੂ ਮਸੀਹ ਵਿੱਚ ਵਿਸ਼ਵਾਸ ਹੀ ਹੈ ਜੋ ਤੁਹਾਨੂੰ ਪਾਪ ਤੋਂ ਬਚਾ ਸਕਦਾ ਹੈ। ਇਹ ਪ੍ਰਾਰਥਨਾ ਕੇਵਲ ਪਰਮੇਸ਼ਰ ਵਿੱਚ ਤੁਹਾਡਾ ਵਿਸ਼ਵਾਸ ਪ੍ਰਗਟ ਕਰਨ ਅਤੇ ਤੁਹਾਡੀ ਮੁਕਤੀ ਵਾਸਤੇ ਉਸਦਾ ਧੰਨਵਾਦ ਕਰਨ ਦਾ ਤਰੀਕਾ ਹੈ।



"ਪਰਮੇਸ਼ਰ, ਮੈਂ ਜਾਣਦਾ ਹਾਂ ਕਿ ਮੈਂ ਤੇਰੇ ਖਿਲਾਫ ਪਾਪ ਕੀਤਾ ਹੈ ਅਤੇ ਸਜ਼ਾ ਦਾ ਹੱਕਦਾਰ ਹਾਂ। ਪਰ ਯਿਸੂ ਮਸੀਹ ਨੇ ਉਹ ਸਜ਼ਾ ਲੈ ਲਈ ਜਿਸਦਾ ਹੱਕਦਾਰ ਮੈਂ ਸੀ ਤਾਂ ਜੋ ਉਸ ਵਿੱਚ ਵਿਸ਼ਵਾਸ ਕਰਨ ਰਾਹੀਂ ਮੈਨੂੰ ਮਾਫ ਕਰ ਦਿੱਤਾ ਜਾਵੇ। ਮੈਂ ਆਪਣੇ ਪਾਪ ਤੋਂ ਦੂਰ ਹੱਟਦਾ ਹਾਂ ਅਤੇ ਮੈਨੂੰ ਆਪਣੀ ਮੁਕਤੀ ਲਈ ਤੇਰੇ ਉਪਰ ਭਰੋਸਾ ਹੈ। ਤੇਰੀ ਸ਼ਾਨਦਾਰ ਮਹਿਮਾ ਅਤੇ ਮਾਫੀ ਵਾਸਤੇ ਤੇਰਾ ਧੰਨਵਾਦ – ਜੋ ਕਿ ਸਦੀਵੀ ਜੀਵਨ ਦਾ ਤੋਹਫਾ ਹੈ! ਆਮੀਨ!"